# Telephone conversation between Prime Minister and State Counsellorof Myanmar DawAung San SuuKyi

April 30, 2020

…………………………………………………………………………………………

# ਪ੍ਰਧਾਨ ਮੰਤਰੀ ਅਤੇ ਮਿਆਂਮਾਰ ਦੀ ਸਟੇਟ ਕੌਂਸਲਰ ਡਾ ਆਂਗ ਸਾਨ ਸੂ ਚੀ ਵਿਚਾਲੇ ਹੋਈ ਟੈਲੀਫੋਨ 'ਤੇ ਗੱਲਬਾਤ

30 ਅਪ੍ਰੈਲ, 2020

ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਨੇ 30 ਅਪ੍ਰੈਲ, 2020 ਨੂੰ ਮਿਆਂਮਾਰ ਸੰਘ ਗਣਰਾਜ ਦੀ ਸਟੇਟ ਕੌਂਸਲਰ ਡਾ ਆਂਗ ਸਾਨ ਸੂ ਚੀ ਨਾਲ ਟੈਲੀਫ਼ੋਨ 'ਤੇ ਗੱਲਬਾਤ ਕੀਤੀ।

ਦੋਨਾਂ ਆਗੂਆਂ ਨੇ ਘਰੇਲੂ ਅਤੇ ਖੇਤਰੀ ਪ੍ਰਸੰਗਾਂ ਵਿੱਚ ਪੈਦਾ ਹੋ ਰਹੇ COVID-19 ਦੇ ਹਾਲਾਤ ਬਾਰੇ ਗੱਲਬਾਤ ਕੀਤੀ ਅਤੇ ਇਸ ਮਹਾਂਮਾਰੀ ਦੇ ਫੈਲਾਅ ਦੀ ਰੋਕਥਾਮ ਲਈ ਚੁੱਕੇ ਜਾ ਰਹੇ ਕਦਮਾਂ ਬਾਰੇ ਇੱਕ ਦੂਜੇ ਨੂੰ ਤਾਜ਼ਾ ਜਾਣਕਾਰੀ ਦਿੱਤੀ।

ਭਾਰਤ ਦੀ "ਗੁਆਂਢ ਪਹਿਲਾਂ" ਨੀਤੀ ਦੇ ਮਹੱਤਵਪੂਰਨ ਥੰਮ ਵਜੋਂ ਮਿਆਂਮਾਰ ਦੀ ਮਹੱਤਤਾ ਦਾ ਜ਼ਿਕਰ ਕਰਦੇ ਹੋਏ ਪ੍ਰਧਾਨ ਮੰਤਰੀ ਮੋਦੀ ਨੇ COVID -19 ਦੇ ਸਿਹਤ ਸੰਬੰਧੀ ਅਤੇ ਆਰਥਿਕ ਅਸਰਾਂ ਨੂੰ ਘਟਾਉਣ ਦੇ ਮਾਮਲੇ 'ਚ ਮਿਆਂਮਾਰ ਨੂੰ ਹਰ ਸੰਭਵ ਮਦਦ ਦੇਣ ਦੇ ਮਾਮਲੇ ‘ਚ ਭਾਰਤ ਦੇ ਤਿਆਰ ਰਹਿਣ ਦੀ ਗੱਲ ਕਹੀ।

ਪ੍ਰਧਾਨ ਮੰਤਰੀ ਨੇ ਭਾਰਤ ਵਿੱਚ ਰਹਿ ਰਹੇ ਮਿਆਂਮਾਰ ਦੇ ਨਾਗਰਿਕਾਂ ਨੂੰ ਭਾਰਤ ਸਰਕਾਰ ਵੱਲੋਂ ਹਰ ਸੰਭਵ ਮਦਦ ਦਿੱਤੇ ਜਾਣ ਦਾ ਭਰੋਸਾ ਦਿੱਤਾ ਅਤੇ ਮਿਆਂਮਾਰ ਵਿੱਚ ਰਹਿ ਰਹੇ ਭਾਰਤੀ ਨਾਗਰਿਕਾਂ ਨੂੰ ਮਿਆਂਮਾਰ ਦੇ ਅਧਿਕਾਰੀਆਂ ਵੱਲੋਂ ਦਿੱਤੇ ਜਾ ਰਹੇ ਸਹਿਯੋਗ ਲਈ ਸਟੇਟ ਕੌਂਸਲਰ ਦਾ ਧੰਨਵਾਦ ਕੀਤਾ। ਦੋਨਾਂ ਆਗੂਆਂ ਨੇ COVID -19 ਤੋਂ ਉਪਜੀਆਂ ਮੌਜੂਦਾ ਅਤੇ ਭਵਿੱਖ ਦੀਆਂ ਚੁਣੌਤੀਆਂ ਨਾਲ ਨਜਿੱਠਣ ਲਈ ਆਪਸੀ ਸੰਪਰਕ ਵਿੱਚ ਰਹਿਣ ਅਤੇ ਮਿਲਜੁਲ ਕੇ ਕੰਮ ਕਰਨ ਉੱਤੇ ਸਹਿਮਤੀ ਪ੍ਰਗਟਾਈ।

ਨਵੀਂ ਦਿੱਲੀ

30 ਅਪ੍ਰੈਲ, 2020

DISCLAIMER: This is an approximate translation. The original is available in English on MEA’s website and may be referred to as the official press release.